## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 18-02-2025**

ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਨਵਾਂ ਮੁੱਖ ਚੋਣ ਕਮਿਸ਼ਨਰ ਨਿਯੁਕਤ ਕੀਤਾ ਗਿਆ ਏ। ਚੋਣ ਕਮਿਸ਼ਨ ਦੇ ਮੌਜੂਦਾ ਮੁਖੀ ਰਾਜੀਵ ਕੁਮਾਰ ਦਾ ਕਾਰਜਕਾਲ ਅੱਜ ਖਤਮ ਹੋ ਰਿਹਾ ਏ । ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਕੇਰਲ ਕੇਡਰ ਦੇ 1988 ਬੈਚ ਦੇ ਸਾਬਕਾ ਆਈ.ਏ. ਐਸ. ਅਧਿਕਾਰੀ ਨੇ । ਉਹ ਸੰਸਦੀ ਮਾਮਲਿਆਂ ਦੇ ਮੰਤਰਾਲੇ ਵਿਚ ਸਕੱਤਰ ਵਜੋਂ ਸੇਵਾ ਨਿਭਾ ਚੁੱਕੇ ਨੇ । ਇਸ ਤੋਂ ਇਲਾਵਾ ਡਾ. ਵਿਵੇਕ ਜੋਸ਼ੀ ਨੂੰ ਨਵਾਂ ਚੋਣ ਕਮਿਸ਼ਨਰ ਨਿਯੁਕਤ ਕੀਤਾ ਗਿਆ ਏ । ਉਹ ਹਰਿਆਣਾ ਕੇਡਰ ਦੇ 1989 ਬੈਚ ਦੇ ਆਈ. ਏ. ਐਸ. ਅਧਿਕਾਰੀ ਨੇ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦੋਵੇਂ ਚੋਣ ਕਮਿਸ਼ਨਰ ਨਿਯੁਕਤ ਕੀਤੇ ਨੇ ।

---

ਫਰੀਦਕੋਟ ਜ਼ਿਲ੍ਹੇ ਵਿਚ ਅੱਜ ਸਵੇਰੇ ਸਵਾਰੀਆਂ ਨਾਲ ਭਰੀ ਇਕ ਨਿੱਜੀ ਬੱਸ ਦੇ ਇਕ ਨਾਲੇ ਵਿਚ ਡਿੱਗਣ ਨਾਲ ਕਰੀਬ 5

ਵਿਅਕਤੀਆਂ ਦੀ ਮੌਤ ਹੋ ਗਈ ਜਦਕਿ 30 ਦੇ ਕਰੀਬ ਜ਼ਖਮੀ ਹੋਏ ਨੇ । ਪਤਾ ਲੱਗਾ ਏ ਕਿ ਕੋਟਕਪੂਰਾ-ਫਰੀਦਕੋਟ ਸੜਕ 'ਤੇ ਉਲਟ ਪਾਸੇ ਤੋਂ ਆ ਰਹੇ ਇਕ ਟਰੱਕ ਨਾਲ ਟੱਕਰ ਤੋਂ ਬਚਣ ਦੀ ਕੋਸ਼ਿਸ਼ ਕਰਦੇ ਹੋਏ ਬਸ ਸੜਕ ਤੋਂ ਤਿਲਕ ਗਈ ਤੇ ਇਕ ਨਾਲੇ ਵਿਚ ਜਾ ਡਿੱਗੀ । ਹਾਦਸੇ ਦਾ ਪਤਾ ਲਗਦਿਆਂ ਹੀ ਫ਼ਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ, ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਤੇ ਐਸ.ਐਸ.ਪੀ ਡਾ. ਪ੍ਰੱਗਿਆ ਜੈਨ ਨੇ ਮੌਕੇ ਤੇ ਪਹੁੰਚ ਕੇ ਰਾਹਤ ਟੀਮਾਂ ਦੀ ਨਿਗਰਾਨੀ ਕੀਤੀ । ਮ੍ਰਿਤਕਾਂ ਤੇ ਜਖਮੀਆਂ ਨੂੰ ਤੁਰੰਤ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਵਿਖੇ ਪਹੁੰਚਾਇਆ ਗਿਆ । ਇਹ ਵੀ ਪਤਾ ਲੱਗਾ ਏ ਕਿ ਮਿਰਤਕਾਂ ਵਿੱਚ ਕੇਂਦਰੀ ਵਿਦਿਆਲਿਆਂ ਦੀ ਇਕ ਅਧਿਆਪਕਾ ਸਿਮਰਨ ਤੇ 4 ਪੁਰਸ਼ ਦੱਸੇ ਜਾ ਰਹੇ ਨੇ । ਮ੍ਰਿਤਕਾ ਵਿਚ ਬੱਸ ਦਾ ਚੈਕਰ ਆਤਮ ਸਿੰਘ ਵੀ ਸ਼ਾਮਲ ਏ ਜਦਕਿ 3 ਦੀ ਅਜੇ ਤੱਕ ਪਹਿਚਾਣ ਨਹੀਂ ਹੋਈ ।

---

ਪ੍ਰਧਾਨ ਮੰਤਰੀ ਆਵਾਸ ਯੋਜਨਾ (ਸ਼ਹਿਰੀ) ਨੇ ਮੋਹਾਲੀ ਜ਼ਿਲ੍ਹੇ ਦੇ ਕੱਚੇ ਘਰਾਂ ਵਿਚ ਰਹਿਣ ਵਾਲੇ ਗਰੀਬਾਂ ਦੀ ਜ਼ਿੰਦਗੀ ਬਦਲ ਦਿੱਤੀ ਏ। ਜ਼ਿਲ੍ਹਾ ਪ੍ਰਸ਼ਾਸਨ ਯੋਗ ਲਾਭਪਾਤਰੀਆਂ ਨੂੰ ਇਸ ਯੋਜਨਾ ਬਾਰੇ ਜਾਣੂ ਕਰਵਾਉਣ ਲਈ ਕੈਂਪ ਲਗਾ ਰਿਹਾ ਏ ਤੇ ਬੈਂਕਾਂ ਰਾਹੀਂ 1.75 ਲੱਖ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ ਨਾਮਜ਼ਦ ਕਰ ਰਿਹਾ ਏ। ਅਜਿਹੇ ਕੈਂਪ ਨਗਰ ਕੌਂਸਲ ਖਰੜ ਵਲੋਂ ਜ਼ਿਲ੍ਹੇ ਦੇ ਪਿੰਡ ਨਵਾਂਸ਼ਹਿਰ-ਬਡਾਲਾ ਵਿਚ ਲਗਾਏ ਜਾ ਰਹੇ ਨੇ ਜਿੱਥੇ ਅੱਜ 30 ਲੋਕਾਂ ਨੇ ਨਾਮ ਦਰਜ ਕਰਵਾਇਆ। ਸਾਡੇ ਮੋਹਾਲੀ ਦੇ ਪੱਤਰਕਾਰ ਮਨੋਜ ਗਿਰਧਰ ਨੇ ਦੱਸਿਆ ਹੈ ਕਿ ਇਸ ਯੋਜਨਾ ਤਹਿਤ ਲਗਭਗ 1000 ਲੋਕਾਂ ਨੂੰ ਪਹਿਲਾਂ ਹੀ ਲਾਭ ਮਿਲ ਚੁੱਕਾ ਏ। ਇਸ ਯੋਜਨਾ ਤਹਿਤ ਲਾਭਪਾਤਰੀ ਨੂੰ ਆਪਣੇ ਘਰ ਦੀ ਮੁਰੰਮਤ ਤੇ ਪੱਕਾ ਬਣਾਉਣ ਲਈ 4 ਕਿਸ਼ਤਾਂ ਵਿਚ 1 ਲੱਖ 75 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਮਿਲਦੀ ਏ। ਉਨ੍ਹਾਂ ਦੱਸਿਆ ਕਿ ਲਾਭਪਾਤਰੀਆਂ ਵਿਚੋਂ ਕੁਝ ਨੇ ਇਸ ਯੋਜਨਾ ਲਈ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ ਏ।

**BYTES** ਪ੍ਰਧਾਨ ਮੰਤਰੀ ਆਵਾਸ ਯੋਜਨਾ ਦਾ ਲਾਭ ਲੈਣ ਲਈ, ਯੋਗ ਲਾਭਪਾਤਰੀਆਂ ਨੂੰ ਡਾਇਰੈਕਟ ਬੈਨੀਫਿਟ ਟ੍ਰਾਂਸਫਰ (DBT) ਸਕੀਮ ਰਾਹੀਂ ਬੈਂਕ ਖਾਤਿਆਂ ਵਿਚ ਫੰਡ ਟ੍ਰਾਂਸਫਰ ਕਰਨ ਲਈ ਰਿਹਾਇਸ਼ੀ ਸਬੂਤ ਤੇ ਬੈਂਕ ਪਾਸ ਬੁੱਕ ਦੇ ਨਾਲ ਕੁਝ ਲੋੜੀਂਦੇ ਦਸਤਾਵੇਜ਼ ਦੇਣੇ ਪੈਂਦੇ ਨੇ।

---

ਲੁਧਿਆਣਾ ਉਦਯੋਗਿਕ ਖੇਤਰ  ਦੇ ਗਿੱਲ ਰੋਡ 'ਤੇ ਇਕ ਸਾਈਕਲ ਫੈਕਟਰੀ ਵਿਚ ਭਿਆਨਕ ਅੱਗ ਲੱਗਣ ਨਾਲ ਦੋ ਨਾਬਾਲਗ ਮਜ਼ਦੂਰਾਂ ਦੀ ਮੌਤ ਹੋ ਗਈ ਏ । ਇਸ ਹਾਦਸੇ ਵਿਚ ਇਕ ਨਾਬਾਲਗ ਬੱਚਾ ਗੰਭੀਰ ਜ਼ਖਮੀ ਹੋ ਗਿਆ, ਜਿਸ ਨੂੰ ਇਲਾਜ ਲਈ ਸਿਵਲ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਹੈ, ਜਿੱਥੇ ਉਸ ਦੀ  ਹਾਲਤ ਨਾਜ਼ੁਕ ਬਣੀ ਹੋਈ ਏ ।

---

ਪਠਾਨਕੋਟ ਜ਼ਿਲ੍ਹੇ ਦੇ ਸ਼ਾਹਪੁਰ ਕੰਢੀ ਥਾਣੇ ਦੀ ਪੁਲਿਸ ਨੇ ਗੈਰ-ਕਾਨੂੰਨੀ ਮਾਈਨਿੰਗ ਦੇ ਦੋਸ਼ ਵਿਚ 5 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਏ ਤੇ 1 ਜੇ. ਸੀ. ਬੀ. ਤੇ 2 ਟਿੱਪਰ ਜ਼ਬਤ ਕੀਤੇ ਨੇ । ਇਸ ਸਬੰਧੀ ਐਸ.ਐਸ.ਪੀ. ਦਲਜਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਉਪਰਲੀ ਬੜੋਈ ਵਿਚ ਸੂਚਨਾ ਮਿਲਣ 'ਤੇ ਸ਼ਾਹਪੁਰ ਕੰਡੀ ਦੇ ਐਸ.ਐਚ.ਓ.  ਦੀ ਅਗਵਾਈ ਹੇਠ ਪੁਲਿਸ ਪਾਰਟੀ ਨੇ ਮਾਈਨਿੰਗ ਵਿਭਾਗ ਦੇ ਅਧਿਕਾਰੀਆਂ ਨਾਲ ਮਿਲ ਕੇ ਛਾਪਾ ਮਾਰਿਆ ਤਾਂ ਇਹ ਪਾਇਆ ਕਿ ਪਿੰਡ ਨੇੜੇ ਇਕ ਜੇ.ਸੀ.ਬੀ. ਤੇ 2 ਟਿੱਪਰਾਂ ਨਾਲ

ਗੈਰ-ਕਾਨੂੰਨੀ ਮਾਈਨਿੰਗ ਕੀਤੀ ਜਾ ਰਹੀ ਸੀ। ਪੁਲੀਸ ਨੇ ਇਸ ਸਬੰਧੀ ਐਫ. ਆਈ.ਆਰ. ਦਰਜ ਕਰਕੇ ਮੌਕੇ 'ਤੇ 5 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ।

----------------------------------------------------------------

ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਚੰਡੀਗੜ੍ਹ ਵਿਖੇ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਦਾ ਦੌਰਾ ਕੀਤਾ ਤੇ ਸਾਬਕਾ ਸੈਨਿਕਾਂ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਵੱਖ-ਵੱਖ ਪਹਿਲਕਦਮੀਆਂ ਤੇ ਯੋਜਨਾਵਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਇਸ ਮੌਕੇ ਕੁਸ਼ਲ ਤੇ ਪਾਰਦਰਸ਼ੀ ਸੇਵਾਵਾਂ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ, ਮੰਤਰੀ ਭਗਤ ਨੇ ਅਧਿਕਾਰੀਆਂ ਨੂੰ ਲੰਬਿਤ ਮਾਮਲਿਆਂ ਦੇ ਨਿਪਟਾਰੇ ਵਿਚ ਤੇਜ਼ੀ ਲਿਆਉਣ ਤੇ ਸਾਬਕਾ ਸੈਨਿਕਾਂ ਲਈ ਭਲਾਈ ਸਕੀਮਾਂ ਨੂੰ ਲਾਗੂ ਕਰਨ ਵਿਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰੀ ਯੋਜਨਾਵਾਂ ਦੇ ਲਾਭ ਹਰੇਕ ਲਾਭਪਾਤਰੀ ਨੂੰ ਯਕੀਨੀ ਬਣਾਉਣ ਲਈ ਸ਼ਿਕਾਇਤਾਂ ਦੇ ਹੱਲ ਕਰਨਾ ਬਹੁਤ ਜ਼ਰੂਰੀ ਏ।